ੴ ਸਤਿਗੁਰ ਪ੍ਰਸਾਦਿ ॥

ਕੁਦਰਤਿ ਕੇ ਸਭ ਬੰਦੇ

ਐ ਜੀ ਨਾ ਹਮ ਉਤਮ ਨੀਚ ਨ ਮਧਿਮ
ਹਰਿ ਸਰਣਾਗਤਿ ਹਰਿ ਕੇ ਲੋਗ ॥ (ਪੰਨਾ ੫੦੪)

ਨਾਨਕ ਉਤਮੁ ਨੀਚੁ ਨ ਕੋਇ ॥ (ਪੰਨਾ ੭)

ਸਬਦ ਵਰਤਾਰਾ

॥ਪੂਰੇਗੁਰਕੀਪੂਰੀਦੀਖਿਆ॥

ਵਾਹਿਗੁਰੂਜੀਕਾਖਾਲਸਾ
ਵਾਹਿਗੁਰੂਜੀਕੀਫਤਿਹ

SABAD VARTARA INTERNATIONAL

WWW.SABADVARTARA.ORG

P.O.Box 180002, Utica, MI 48318-0002, USA.

Phone/Fax: (734) 623-6350, Registered Non Profitable Org. 383518537

Recognize all human equal

ਮਾਨਸ ਕੀ ਜਾਤ ਸਬੈ ਏਕੈ ਪਹਚਾਨਬੋ ॥ ਪਾ:੧੦ ਗੁਰੂ ਗੋਬਿੰਦ ਸਿੰਘ ਜੀ

ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ ॥
ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ ॥੧॥ ਪੰਨਾ ੧੩੪੯

(First, Allah created the Light; then made all mortal beings.
From the One Light, the entire universe welled up. So who is good, and who is bad?|)

All human beings are created equal: no one is high or low caste; men and women are equal.
By reciting/chanting God’s name, everyone can approach God.

Of all religions, the best religion is to chant the Name of the Lord and the chanting of Lord’s name is the purest conduct. By following this path, no one remains enemy or stranger and the follower gets along with everyone.

ਮਨ ਤੂੰ ਮਤ ਮਾਣੁ ਕਰਹਿ ਜਿ ਹਉ ਕਿਛੁ ਜਾਣਦਾ ਗੁਰਮੁਖਿ ਨਿਮਾਣਾ ਹੋਹੁ ॥ ਪੰਨਾ ੪੪੧

O mind, don't be so proud of yourself, as if you know it all; Become humble by following the Gurmukh system (Gurmukh way as described in SateGuru Ki bani: Believe in one & only one God, search God within, through Sateguru, repeat God’s Name with great devotion, live sin free family life, do good deeds)

Waheguru Jee Ka Khalsa
Waheguru Jee Kee Fateh

Sabad Vartara International, Registered Non Profitable Org. 383518537
WWW.SABADVARTARA.ORG, Phone/Fax: (734) 623-6350

ਪੰਨਾ ੧੩੪੦

ਪ੍ਰਭਾਤੀ ॥ ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ ॥ ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ ॥ ੧ ॥ ਲੋਗਾ ਭਰਮਿ ਨ ਭੂਲਹੁ ਭਾਈ ॥ ਖਾਲਿਕੁ ਖਲਕ ਖਲਕ ਮਹਿ ਖਾਲਿਕੁ ਪੂਰਿ ਰਹਿਓ ਸ੍ਰਬ ਠਾਂਈ ॥ ੧ ॥ ਰਹਾਉ ॥ ਮਾਟੀ ਏਕ ਅਨੇਕ ਭਾਂਤਿ ਕਰਿ ਸਾਜੀ ਸਾਜਨਹਾਰੈ ॥ ਨਾ ਕਛੁ ਪੋਚ ਮਾਟੀ ਕੇ ਭਾਂਡੇ ਨਾ ਕਛੁ ਪੋਚ ਕੁੰਭਾਰੈ ॥ ੨ ॥ ਸਭ ਮਹਿ ਸਚਾ ਏਕੋ ਸੋਈ ਤਿਸ ਕਾ ਕੀਆ ਸਭੁ ਕਛੁ ਹੋਈ ॥ ਹੁਕਮੁ ਪਛਾਨੈ ਸੁ ਏਕੋ ਜਾਨੈ ਬੰਦਾ ਕਹੀਐ ਸੋਈ ॥ ੩ ॥ ਅਲਹੁ ਅਲਖੁ ਨ ਜਾਈ ਲਖਿਆ ਗੁਰਿ ਗੁੜੁ ਦੀਨਾ ਮੀਠਾ ॥ ਕਹਿ ਕਬੀਰ ਮੇਰੀ ਸੰਕਾ ਨਾਸੀ ਸਰਬ ਨਿਰੰਜਨੁ ਡੀਠਾ ॥ ੪ ॥ ੩ ॥

ਪੰਨਾ ੧੧੩੬

ਭੈਰਉ ਮਹਲਾ ੫ ॥ ਵਰਤ ਨ ਰਹਉ ਨ ਮਹ ਰਮਦਾਨਾ ॥ ਤਿਸੁ ਸੇਵੀ ਜੋ ਰਖੈ ਨਿਦਾਨਾ ॥ ੧ ॥ ਏਕੁ ਗੁਸਾਈ ਅਲਹੁ ਮੇਰਾ ॥ ਹਿੰਦੂ ਤੁਰਕ ਦੁਹਾਂ ਨੇਬੇਰਾ ॥ ੧ ॥ ਰਹਾਉ ॥ ਹਜ ਕਾਬੈ ਜਾਉ ਨ ਤੀਰਥ ਪੂਜਾ ॥ ਏਕੋ ਸੇਵੀ ਅਵਰੁ ਨ ਦੂਜਾ ॥ ੨ ॥ ਪੂਜਾ ਕਰਉ ਨ ਨਿਵਾਜ ਗੁਜਾਰਉ ॥ ਏਕ ਨਿਰੰਕਾਰ ਲੇ ਰਿਦੈ ਨਮਸਕਾਰਉ ॥ ੩ ॥ ਨਾ ਹਮ ਹਿੰਦੂ ਨ ਮੁਸਲਮਾਨ ॥ **ਅਲਹ ਰਾਮ ਕੇ ਪਿੰਡੁ ਪਰਾਨ ॥** ੪ ॥ ਕਹੁ ਕਬੀਰ ਇਹੁ ਕੀਆ ਵਖਾਨਾ ॥ ਗੁਰ ਪੀਰ ਮਿਲਿ ਖੁਦਿ ਖਸਮੁ ਪਛਾਨਾ ॥ ੫ ॥ ੩ ॥

ਪੰਨਾ ੧੩੪੯

ਪ੍ਰਭਾਤੀ ॥ ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸੁ ਕੇਰਾ ॥ ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ ॥ ੧ ॥ ਅਲਹ ਰਾਮ ਜੀਵਉ ਤੇਰੇ ਨਾਈ ॥ ਤੂ ਕਰਿ ਮਿਹਰਾਮਤਿ ਸਾਈ ॥ ੧ ॥ ਰਹਾਉ ॥ ਦਖਨ ਦੇਸਿ ਹਰੀ ਕਾ ਬਾਸਾ ਪਛਿਮਿ ਅਲਹ ਮੁਕਾਮਾ ॥ ਦਿਲ ਮਹਿ ਖੋਜਿ ਦਿਲੈ ਦਿਲਿ ਖੋਜਹੁ ਏਹੀ ਠਉਰ ਮੁਕਾਮਾ ॥ ੨ ॥ ਬ੍ਰਹਮਨ ਗਿਆਸ ਕਰਹਿ ਚਉਬੀਸਾ ਕਾਜੀ ਮਹ ਰਮਜਾਨਾ ॥ ਗਿਆਰਹ ਮਾਸ ਪਾਸ ਕੈ ਰਾਖੇ ਏਕੈ ਮਾਹਿ ਨਿਧਾਨਾ ॥ ੩ ॥ ਕਹਾ ਉਡੀਸੇ ਮਜਨੁ ਕੀਆ ਕਿਆ ਮਸੀਤਿ ਸਿਰੁ ਨਾਂਏਂ ॥ ਦਿਲ ਮਹਿ ਕਪਟੁ ਨਿਵਾਜ ਗੁਜਾਰੈ ਕਿਆ ਹਜ ਕਾਬੈ ਜਾਂਏਂ ॥ ੪ ॥ ਏਤੇ ਅਉਰਤ ਮਰਦਾ ਸਾਜੇ ਏ ਸਭ ਰੂਪ ਤੁਮ੍ਹਾਰੇ ॥ ਕਬੀਰੁ ਪੂੰਗਰਾ ਰਾਮ ਅਲਹ ਕਾ ਸਭ ਗੁਰ ਪੀਰ ਹਮਾਰੇ ॥ ੫ ॥ ਕਹਤ ਕਬੀਰ ਸੁਨਹੁ ਨਰ ਨਰਵੈ ਪਰਹੁ ਏਕ ਕੀ ਸਰਨਾ ॥ ਕੇਵਲ ਨਾਮੁ ਜਪਹੁ ਰੇ ਪ੍ਰਾਨੀ ਤਬ ਹੀ ਨਿਹਚੈ ਤਰਨਾ ॥ ੬ ॥ ੨ ॥

ਪੰਨਾ ੮੯੭

ਰਾਮਕਲੀ ਮਹਲਾ ੫ ॥ ਤਨ ਤੇ ਛੁਟਕੀ ਅਪਨੀ ਧਾਰੀ ॥ ਪ੍ਰਭ ਕੀ ਆਗਿਆ ਲਗੀ ਪਿਆਰੀ ॥ ਜੋ ਕਿਛੁ ਕਰੈ ਸੁ ਮਨਿ ਮੇਰੈ ਮੀਠਾ ॥ ਤਾ ਇਹੁ ਅਚਰਜੁ ਨੈਨਹੁ ਡੀਠਾ ॥ ੧ ॥ ਅਬ ਮੋਹਿ ਜਾਨੀ ਰੇ ਮੇਰੀ ਗਈ ਬਲਾਇ ॥ ਬੁਝਿ ਗਈ ਤ੍ਰਿਸਨ ਨਿਵਾਰੀ ਮਮਤਾ ਗੁਰਿ ਪੂਰੈ ਲੀਓ ਸਮਝਾਇ ॥ ੧ ॥ ਰਹਾਉ ॥ ਕਰਿ ਕਿਰਪਾ ਰਾਖਿਓ ਗੁਰਿ ਸਰਨਾ ॥ ਗੁਰਿ ਪਕਰਾਏ ਹਰਿ ਕੇ ਚਰਨਾ ॥ ਬੀਸ ਬਿਸੁਏ ਜਾ ਮਨ ਠਹਰਾਨੇ ॥ ਗੁਰ ਪਾਰਬ੍ਰਹਮ ਏਕੈ ਹੀ ਜਾਨੇ ॥ ੨ ॥ ਜੋ ਜੋ ਕੀਨੋ ਹਮ ਤਿਸ ਕੇ ਦਾਸ ॥ ਪ੍ਰਭ ਮੇਰੇ ਕੋ ਸਗਲ ਨਿਵਾਸ ॥ ਨਾ ਕੋ ਦੂਤੁ ਨਹੀ ਬੈਰਾਈ ॥ ਗਲਿ ਮਿਲਿ ਚਾਲੇ ਏਕੈ ਭਾਈ ॥ ੩ ॥ ਜਾ ਕਉ ਗੁਰਿ ਹਰਿ ਦੀਏ ਸੂਖਾ ॥ ਤਾ ਕਉ ਬਹੁਰਿ ਨ ਲਾਗਹਿ ਦੂਖਾ ॥ ਆਪੇ ਆਪਿ ਸਰਬ ਪ੍ਰਤਿਪਾਲ ॥ ਨਾਨਕ ਰਾਤਉ ਰੰਗਿ ਗੋਪਾਲ ॥ ੪ ॥ ੫ ॥ ੧੬ ॥

ਪੰਨਾ ੧੧੦੦

ਮਾਰੂ ਵਾਰ ਮਹਲਾ ੫ ਡਖਣੇ ਮਃ ੫

ਪਉੜੀ ॥ ਜਿਨਿ ਜਨਿ ਗੁਰਮੁਖਿ ਸੇਵਿਆ ਤਿਨਿ ਸਭਿ ਸੁਖ ਪਾਈ ॥ ਓਹੁ ਆਪਿ ਤਰਿਆ ਕੁਟੰਬ ਸਿਉ ਸਭਿ ਜਗਤੁ ਤਰਾਈ ॥ ਓਨਿ ਹਰਿ ਨਾਮਾ ਧਨੁ ਸੰਚਿਆ ਸਭ ਤਿਖਾ ਬੁਝਾਈ ॥ ਓਨਿ ਛਡੇ ਲਾਲਚ ਦੁਨੀ ਕੇ ਅੰਤਰਿ ਲਿਵ ਲਾਈ ॥ ਓਸੁ ਸਦਾ ਸਦਾ ਘਰਿ ਅੰਨਦੁ ਹੈ ਹਰਿ ਸਖਾ ਸਹਾਈ ॥ ਓਨਿ ਵੈਰੀ ਮਿਤ੍ਰ ਸਮ ਕੀਤਿਆ ਸਭ ਨਾਲਿ ਸੁਭਾਈ ॥ ਹੋਆ ਓਹੀ ਅਲੁ ਜਗ ਮਹਿ ਗੁਰ ਗਿਆਨੁ ਜਪਾਈ ॥ ਪੂਰਬਿ ਲਿਖਿਆ ਪਾਇਆ ਹਰਿ ਸਿਉ ਬਣਿ ਆਈ ॥ ੧੯ ॥

ਪੰਨਾ ੬

॥ ਜਪੁ ॥

ਮੁੰਦਾ ਸੰਤੋਖੁ ਸਰਮੁ ਪਤੁ ਝੋਲੀ ਧਿਆਨ ਕੀ ਕਰਹਿ ਬਿਭੂਤਿ
॥ ਖਿੰਥਾ ਕਾਲੁ ਕੁਆਰੀ ਕਾਇਆ ਜੁਗਤਿ ਡੰਡਾ ਪਰਤੀਤਿ
॥ ਆਈ ਪੰਥੀ **ਸਗਲ ਜਮਾਤੀ** ਮਨਿ ਜੀਤੈ ਜਗੁ ਜੀਤੁ ॥
ਆਦੇਸੁ ਤਿਸੈ ਆਦੇਸੁ ॥ ਆਦਿ ਅਨੀਲੁ ਅਨਾਦਿ
ਅਨਾਹਤਿ ਜੁਗੁ ਜੁਗੁ ਏਕੋ ਵੇਸੁ ॥ ੨੮ ॥

ਪੰਨਾ ੧੨੯੯

ਕਾਨੜਾ ਮਹਲਾ ੫ ॥ ਬਿਸਰਿ ਗਈ ਸਭ ਤਾਤਿ ਪਰਾਈ ॥ ਜਬ ਤੇ ਸਾਧਸੰਗਤਿ ਮੋਹਿ ਪਾਈ ॥ ੧ ॥ ਰਹਾਉ ॥ ਨਾ ਕੋ ਬੈਰੀ ਨਹੀ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ ॥ ੧ ॥ ਜੋ ਪ੍ਰਭ ਕੀਨੋ ਸੋ ਭਲ ਮਾਨਿਓ ਏਹ ਸੁਮਤਿ ਸਾਧੂ ਤੇ ਪਾਈ ॥ ੨ ॥ ਸਭ ਮਹਿ ਰਵਿ ਰਹਿਆ ਪ੍ਰਭੁ ਏਕੈ ਪੇਖਿ ਪੇਖਿ ਨਾਨਕ ਬਿਗਸਾਈ ॥ ੩ ॥ ੮ ॥

ਪੰਨਾ ੩੦੨

ਮਃ ੪ ॥ ਸਤਿਗੁਰੁ ਦਾਤਾ ਦਇਆਲੁ ਹੈ ਜਿਸ ਨੋ ਦਇਆ ਸਦਾ ਹੋਇ ॥ ਸਤਿਗੁਰੁ ਅੰਦਰਹੁ ਨਿਰਵੈਰੁ ਹੈ ਸਭੁ ਦੇਖੈ ਬ੍ਰਹਮੁ ਇਕੁ ਸੋਇ ॥ ਨਿਰਵੈਰਾ ਨਾਲਿ ਜਿ ਵੈਰੁ ਚਲਾਇਦੇ ਤਿਨ ਵਿਚਹੁ ਤਿਸਟਿਆ ਨ ਕੋਇ ॥ ਸਤਿਗੁਰੁ ਸਭਨਾ ਦਾ ਭਲਾ ਮਨਾਇਦਾ ਤਿਸ ਦਾ ਬੁਰਾ ਕਿਉ ਹੋਇ ॥ ਸਤਿਗੁਰ ਨੋ ਜੇਹਾ ਕੋ ਇਛਦਾ ਤੇਹਾ ਫਲੁ ਪਾਏ ਕੋਇ ॥ ਨਾਨਕ ਕਰਤਾ ਸਭੁ ਕਿਛੁ ਜਾਣਦਾ ਜਿਦੂ ਕਿਛੁ ਗੁਝਾ ਨ ਹੋਇ ॥ ੨ ॥

ਪੰਨਾ ੯੪੨

ਰਾਮਕਲੀ ਮਹਲਾ ੧ ਸਿਧ ਗੋਸਟਿ

ਗੁਰਮੁਖਿ ਸਾਸਤ੍ਰ ਸਿਮ੍ਰਿਤਿ ਬੇਦ ॥ ਗੁਰਮੁਖਿ ਪਾਵੈ ਘਟਿ ਘਟਿ ਭੇਦ ॥ ਗੁਰਮੁਖਿ ਵੈਰ ਵਿਰੋਧ ਗਵਾਵੈ ॥ ਗੁਰਮੁਖਿ ਸਗਲੀ ਗਣਤ ਮਿਟਾਵੈ ॥ ਗੁਰਮੁਖਿ ਰਾਮ ਨਾਮ ਰੰਗਿ ਰਾਤਾ ॥ ਨਾਨਕ ਗੁਰਮੁਖਿ ਖਸਮੁ ਪਛਾਤਾ ॥ ੩੭ ॥

ਪੰਨਾ ੧੩੮੨

ਫਰੀਦਾ ਬੁਰੇ ਦਾ ਭਲਾ ਕਰਿ ਗੁਸਾ ਮਨਿ ਨ ਹਢਾਇ ॥ ਦੇਹੀ ਰੋਗੁ ਨ ਲਗਈ ਪਲੈ ਸਭੁ ਕਿਛੁ ਪਾਇ ॥ ੭੮ ॥

ਪੰਨਾ ੧੩੭੮

ਫਰੀਦਾ ਜੋ ਤੈ ਮਾਰਨਿ ਮੁਕੀਆਂ ਤਿਨ੍ਹਾ ਨ ਮਾਰੇ ਘੁੰਮਿ ॥ ਆਪਨੜੈ ਘਰਿ ਜਾਈਐ ਪੈਰ ਤਿਨ੍ਹਾ ਦੇ ਚੁੰਮਿ ॥ ੭ ॥

ਪੰਨਾ ੧੩੮੧

ਫਰੀਦਾ ਮਨੁ ਮੈਦਾਨੁ ਕਰਿ ਟੋਏ ਟਿਬੇ ਲਾਹਿ ॥ ਅਗੈ ਮੂਲਿ ਨ ਆਵਸੀ ਦੋਜਕ ਸੰਦੀ ਭਾਹਿ ॥ ੭੪ ॥

ਪੰਨਾ ੧੪੨੭

ਸਲੋਕ ਮਹਲਾ ੯ ॥

ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥ ੧੪ ॥

ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥ ੧੫ ॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥ ੧੬ ॥

ਪੰਨਾ ੭੨੭

ਸੂਹੀ ਮਹਲਾ ੧ ਘਰੁ ੨

ਅੰਤਰਿ ਵਸੈ ਨ ਬਾਹਰਿ ਜਾਇ ॥ ਅੰਮ੍ਰਿਤੁ ਛੋਡਿ ਕਾਹੇ ਬਿਖੁ ਖਾਇ ॥ ੧ ॥ ਐਸਾ ਗਿਆਨੁ ਜਪਹੁ ਮਨ ਮੇਰੇ ॥ ਹੋਵਹੁ ਚਾਕਰ ਸਾਚੇ ਕੇਰੇ ॥ ੧ ॥ ਰਹਾਉ ॥ ਗਿਆਨੁ ਧਿਆਨੁ ਸਭੁ ਕੋਈ ਰਵੈ ॥ ਬਾਂਧਨਿ ਬਾਂਧਿਆ ਸਭੁ ਜਗੁ ਭਵੈ ॥ ੨ ॥ ਸੇਵਾ ਕਰੇ ਸੁ ਚਾਕਰੁ ਹੋਇ ॥ ਜਲਿ ਥਲਿ ਮਹੀਅਲਿ ਰਵਿ ਰਹਿਆ ਸੋਇ ॥ ੩ ॥ **ਹਮ ਨਹੀ ਚੰਗੇ ਬੁਰਾ ਨਹੀ ਕੋਇ ॥** ਪ੍ਰਣਵਤਿ ਨਾਨਕੁ ਤਾਰੇ ਸੋਇ ॥ ੪ ॥ ੧ ॥ ੨ ॥

ਪੰਨਾ ੧੩੬੪

ਸਲੋਕ ਭਗਤ ਕਬੀਰ ਜੀਉ ਕੇ
ਕਬੀਰ ਸਭ ਤੇ ਹਮ ਬੁਰੇ ਹਮ ਤਜਿ
ਭਲੋ ਸਭੁ ਕੋਇ ॥ ਜਿਨਿ ਐਸਾ ਕਰਿ
ਬੂਝਿਆ ਮੀਤੁ ਹਮਾਰਾ ਸੋਇ ॥ ੭ ॥

ਪੰਨਾ ੬੨੯

ਸੋਰਠਿ ਮਹਲਾ ੫ ॥ ਗਰੀਬੀ ਗਦਾ ਹਮਾਰੀ ॥ ਖੰਨਾ ਸਗਲ ਰੇਨੁ ਛਾਰੀ ॥ ਇਸੁ ਆਗੈ ਕੋ ਨ ਟਿਕੈ ਵੇਕਾਰੀ ॥ ਗੁਰ ਪੂਰੇ ਏਹ ਗਲ ਸਾਰੀ ॥ ੧ ॥ ਹਰਿ ਹਰਿ ਨਾਮੁ ਸੰਤਨ ਕੀ ਓਟਾ ॥ ਜੋ ਸਿਮਰੈ ਤਿਸ ਕੀ ਗਤਿ ਹੋਵੈ ਉਧਰਹਿ ਸਗਲੇ ਕੋਟਾ ॥ ੧ ॥ ਰਹਾਉ ॥ ਸੰਤ ਸੰਗਿ ਜਸੁ ਗਾਇਆ ॥ ਇਹੁ ਪੂਰਨ ਹਰਿ ਧਨੁ ਪਾਇਆ ॥ ਕਹੁ ਨਾਨਕ ਆਪੁ ਮਿਟਾਇਆ ॥ ਸਭੁ ਪਾਰਬ੍ਰਹਮੁ ਨਦਰੀ ਆਇਆ ॥ ੨ ॥ ੧੬ ॥ ੮੦ ॥

ਪੰਨਾ ੧੧੪੭

ਭੈਰਉ ਮਹਲਾ ੫ ॥ ਪ੍ਰਥਮੇ ਛੋਡੀ ਪਰਾਈ ਨਿੰਦਾ ॥ ਉਤਰਿ ਗਈ ਸਭ ਮਨ ਕੀ ਚਿੰਦਾ ॥ ਲੋਭੁ ਮੋਹੁ ਸਭੁ ਕੀਨੋ ਦੂਰਿ ॥ ਪਰਮ ਬੈਸਨੋ ਪ੍ਰਭ ਪੇਖਿ ਹਜੂਰਿ ॥ ੧ ॥ ਐਸੋ ਤਿਆਗੀ ਵਿਰਲਾ ਕੋਇ ॥ ਹਰਿ ਹਰਿ ਨਾਮੁ ਜਪੈ ਜਨੁ ਸੋਇ ॥ ੧ ॥ ਰਹਾਉ ॥ ਅਹੰਬੁਧਿ ਕਾ ਛੋਡਿਆ ਸੰਗੁ ॥ ਕਾਮ ਕ੍ਰੋਧ ਕਾ ਉਤਰਿਆ ਰੰਗੁ ॥ ਨਾਮ ਧਿਆਏ ਹਰਿ ਹਰਿ ਹਰੇ ॥ ਸਾਧ ਜਨਾ ਕੈ ਸੰਗਿ ਨਿਸਤਰੇ ॥ ੨ ॥ **ਬੈਰੀ ਮੀਤ ਹੋਏ ਸੰਮਾਨ ॥** ਸਰਬ ਮਹਿ ਪੂਰਨ ਭਗਵਾਨ ॥ ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ ॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ॥ ੩ ॥ ਕਰਿ ਕਿਰਪਾ ਜਿਸੁ ਰਾਖੈ ਆਪਿ ॥ ਸੋਈ ਭਗਤੁ ਜਪੈ ਨਾਮ ਜਾਪ ॥ ਮਨਿ ਪ੍ਰਗਾਸੁ ਗੁਰ ਤੇ ਮਤਿ ਲਈ ॥ ਕਹੁ ਨਾਨਕ ਤਾ ਕੀ ਪੂਰੀ ਪਈ ॥ ੪ ॥ ੨੭ ॥ ੪੦ ॥

ਪੰਨਾ ੨੭੮

ਅਸਟਪਦੀ ॥ ਜਿਸ ਕੈ ਅੰਤਰਿ ਰਾਜ ਅਭਿਮਾਨੁ ॥ ਸੋ ਨਰਕਪਾਤੀ ਹੋਵਤ ਸੁਆਨੁ ॥ ਜੋ ਜਾਨੈ ਮੈ ਜੋਬਨਵੰਤੁ ॥ ਸੋ ਹੋਵਤ ਬਿਸਟਾ ਕਾ ਜੰਤੁ ॥ ਆਪਸ ਕਉ ਕਰਮਵੰਤੁ ਕਹਾਵੈ ॥ ਜਨਮਿ ਮਰੈ ਬਹੁ ਜੋਨਿ ਭ੍ਰਮਾਵੈ ॥ ਧਨ ਭੂਮਿ ਕਾ ਜੋ ਕਰੈ ਗੁਮਾਨੁ ॥ ਸੋ ਮੂਰਖੁ ਅੰਧਾ ਅਗਿਆਨੁ ॥ ਕਰਿ ਕਿਰਪਾ ਜਿਸ ਕੈ ਹਿਰਦੈ ਗਰੀਬੀ ਬਸਾਵੈ ॥ ਨਾਨਕ ਈਹਾ ਮੁਕਤੁ ਆਗੈ ਸੁਖੁ ਪਾਵੈ ॥ ੧ ॥ ਧਨਵੰਤਾ ਹੋਇ ਕਰਿ ਗਰਬਾਵੈ ॥ ਤ੍ਰਿਣ ਸਮਾਨਿ ਕਛੁ ਸੰਗਿ ਨ ਜਾਵੈ ॥ ਬਹੁ ਲਸਕਰ ਮਾਨੁਖ ਊਪਰਿ ਕਰੇ ਆਸ ॥ ਪਲ ਭੀਤਰਿ ਤਾ ਕਾ ਹੋਇ ਬਿਨਾਸ ॥ ਸਭ ਤੇ ਆਪ ਜਾਨੈ ਬਲਵੰਤੁ ॥ ਖਿਨ ਮਹਿ ਹੋਇ ਜਾਇ ਭਸਮੰਤੁ ॥ ਕਿਸੈ ਨ ਬਦੈ ਆਪਿ ਅਹੰਕਾਰੀ ॥ ਧਰਮ ਰਾਇ ਤਿਸੁ ਕਰੇ ਖੁਆਰੀ ॥ ਗੁਰ ਪ੍ਰਸਾਦਿ ਜਾ ਕਾ ਮਿਟੈ ਅਭਿਮਾਨੁ ॥ ਸੋ ਜਨੁ ਨਾਨਕ ਦਰਗਹ ਪਰਵਾਨੁ ॥ ੨ ॥ ਕੋਟਿ ਕਰਮ ਕਰੈ ਹਉ ਧਾਰੇ ॥ ਸ੍ਰਮੁ ਪਾਵੈ ਸਗਲੇ ਬਿਰਥਾਰੇ ॥ ਅਨਿਕ ਤਪਸਿਆ ਕਰੇ ਅਹੰਕਾਰ ॥ ਨਰਕ ਸੁਰਗ ਫਿਰਿ ਫਿਰਿ ਅਵਤਾਰ ॥ ਅਨਿਕ ਜਤਨ ਕਰਿ ਆਤਮ ਨਹੀ ਦ੍ਰਵੈ ॥ ਹਰਿ ਦਰਗਹ ਕਹੁ ਕੈਸੇ ਗਵੈ ॥ ਆਪਸ ਕਉ ਜੋ ਭਲਾ ਕਹਾਵੈ ॥ ਤਿਸਹਿ ਭਲਾਈ ਨਿਕਟਿ ਨ ਆਵੈ ॥ ਸਰਬ ਕੀ ਰੇਨ ਜਾ ਕਾ ਮਨੁ ਹੋਇ ॥ ਕਹੁ ਨਾਨਕ ਤਾ ਕੀ ਨਿਰਮਲ ਸੋਇ ॥ ੩ ॥ ਜਬ ਲਗੁ ਜਾਨੈ ਮੁਝ ਤੇ ਕਛੁ ਹੋਇ ॥ ਤਬ ਇਸ ਕਉ ਸੁਖੁ ਨਾਹੀ ਕੋਇ ॥ ਜਬ ਇਹ ਜਾਨੈ ਮੈ ਕਿਛੁ ਕਰਤਾ ॥ ਤਬ ਲਗੁ ਗਰਭ ਜੋਨਿ ਮਹਿ ਫਿਰਤਾ ॥ **ਜਬ ਧਾਰੈ ਕੋਊ ਬੈਰੀ ਮੀਤੁ ॥** ਤਬ ਲਗੁ ਨਿਹਚਲੁ ਨਾਹੀ ਚੀਤੁ ॥ ਜਬ ਲਗੁ ਮੋਹ ਮਗਨ ਸੰਗਿ ਮਾਇ ॥ ਤਬ ਲਗੁ ਧਰਮੁ ਰਾਇ ਦੇਇ ਸਜਾਇ ॥ ਪ੍ਰਭ ਕਿਰਪਾ ਤੇ ਬੰਧਨ ਤੂਟੈ ॥ ਗੁਰ ਪ੍ਰਸਾਦਿ ਨਾਨਕ ਹਉ ਛੂਟੈ ॥ ੪ ॥

ਪੰਨਾ ੧੩੨੯

ਪ੍ਰਭਾਤੀ ਮਹਲਾ ੧ ॥ ਗੁਰ ਪਰਸਾਦੀ ਵਿਦਿਆ ਵੀਚਾਰੈ ਪੜਿ ਪੜਿ ਪਾਵੈ
ਮਾਨੁ ॥ ਆਪਾ ਮਧੇ ਆਪੁ ਪਰਗਾਸਿਆ ਪਾਇਆ ਅੰਮ੍ਰਿਤੁ ਨਾਮੁ ॥ ੧ ॥
ਕਰਤਾ ਤੂ ਮੇਰਾ ਜਜਮਾਨੁ ॥ ਇਕ ਦਖਿਣਾ ਹਉ ਤੈ ਪਹਿ ਮਾਗਉ ਦੇਹਿ
ਆਪਣਾ ਨਾਮੁ ॥ ੧ ॥ ਰਹਾਉ ॥ ਪੰਚ ਤਸਕਰ ਧਾਵਤ ਰਾਖੇ ਚੂਕਾ ਮਨਿ
ਅਭਿਮਾਨੁ ॥ ਦਿਸਟਿ ਬਿਕਾਰੀ ਦੁਰਮਤਿ ਭਾਗੀ ਐਸਾ ਬ੍ਰਹਮ ਗਿਆਨੁ
॥ ੨ ॥ ਜਤੁ ਸਤੁ ਚਾਵਲ ਦਇਆ ਕਣਕ ਕਰਿ ਪ੍ਰਾਪਤਿ ਪਾਤੀ ਧਾਨੁ ॥
ਦੂਧੁ ਕਰਮੁ ਸੰਤੋਖੁ ਘੀਉ ਕਰਿ ਐਸਾ ਮਾਂਗਉ ਦਾਨੁ ॥ ੩ ॥ ਖਿਮਾ ਧੀਰਜੁ
ਕਰਿ ਗਊ ਲਵੇਰੀ ਸਹਜੇ ਬਛਰਾ ਖੀਰੁ ਪੀਐ ॥ ਸਿਫਤਿ ਸਰਮ ਕਾ ਕਪੜਾ
ਮਾਂਗਉ ਹਰਿ ਗੁਣ ਨਾਨਕ ਰਵਤੁ ਰਹੈ ॥ ੪ ॥ ੭ ॥

ਪੰਨਾ ੪੪੧

ਆਸਾ ਮਹਲਾ ੩ ਛੰਤ ਘਰੁ ੩ ॥

ਮਨ ਤੂੰ ਮਤ ਮਾਣੁ ਕਰਹਿ ਜਿ ਹਉ ਕਿਛੁ ਜਾਣਦਾ ਗੁਰਮੁਖਿ ਨਿਮਾਣਾ ਹੋਹੁ ॥ ਅੰਤਰਿ ਅਗਿਆਨੁ ਹਉ ਬੁਧਿ ਹੈ ਸਚਿ ਸਬਦਿ ਮਲੁ ਖੋਹੁ ॥ ਹੋਹੁ ਨਿਮਾਣਾ ਸਤਿਗੁਰੂ ਅਗੈ ਮਤ ਕਿਛੁ ਆਪੁ ਲਖਾਵਹੇ ॥ ਆਪਣੈ ਅਹੰਕਾਰਿ ਜਗਤੁ ਜਲਿਆ ਮਤ ਤੂੰ ਆਪਣਾ ਆਪੁ ਗਵਾਵਹੇ ॥ ਸਤਿਗੁਰ ਕੈ ਭਾਣੈ ਕਰਹਿ ਕਾਰ ਸਤਿਗੁਰ ਕੈ ਭਾਣੈ ਲਾਗਿ ਰਹੁ ॥ ਇਉ ਕਹੈ ਨਾਨਕੁ ਆਪੁ ਛਡਿ ਸੁਖ ਪਾਵਹਿ ਮਨ ਨਿਮਾਣਾ ਹੋਇ ਰਹੁ ॥ ੭ ॥

ਪੰਨਾ ੧੫

ਸਿਰੀਰਾਗੁ ਮਹਲਾ ੧ ॥ ਲੇਖੈ ਬੋਲਣੁ ਬੋਲਣਾ ਲੇਖੈ ਖਾਣਾ ਖਾਉ ॥ ਲੇਖੈ ਵਾਟ ਚਲਾਈਆ ਲੇਖੈ ਸੁਣਿ ਵੇਖਾਉ ॥ ਲੇਖੈ ਸਾਹ ਲਵਾਈਅਹਿ ਪੜੇ ਕਿ ਪੁਛਣ ਜਾਉ ॥ ੧ ॥ ਬਾਬਾ ਮਾਇਆ ਰਚਨਾ ਧੋਹੁ ॥ ਅੰਧੈ ਨਾਮੁ ਵਿਸਾਰਿਆ ਨਾ ਤਿਸੁ ਏਹ ਨ ਓਹੁ ॥ ੧ ॥ ਰਹਾਉ ॥ ਜੀਵਣ ਮਰਣਾ ਜਾਇ ਕੈ ਏਥੈ ਖਾਜੈ ਕਾਲਿ ॥ ਜਿਥੈ ਬਹਿ ਸਮਝਾਈਐ ਤਿਥੈ ਕੋਇ ਨ ਚਲਿਓ ਨਾਲਿ ॥ ਰੋਵਣ ਵਾਲੇ ਜੇਤੜੇ ਸਭਿ ਬੰਨਹਿ ਪੰਡ ਪਰਾਲਿ ॥ ੨ ॥ ਸਭੁ ਕੋ ਆਖੈ ਬਹੁਤੁ ਬਹੁਤੁ ਘਟਿ ਨ ਆਖੈ ਕੋਇ ॥ ਕੀਮਤਿ ਕਿਨੈ ਨ ਪਾਈਆ ਕਹਣਿ ਨ ਵਡਾ ਹੋਇ ॥ ਸਾਚਾ ਸਾਹਬੁ ਏਕੁ ਤੂ ਹੋਰਿ ਜੀਆ ਕੇਤੇ ਲੋਅ ॥ ੩ ॥ ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ ॥ ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ ॥ ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ ॥ ੪ ॥ ੩ ॥

ਪੰਨਾ ੫੦੪

ਗੂਜਰੀ ਮਹਲਾ ੧ ॥
ਐ ਜੀ ਨਾ ਹਮ ਉਤਮ ਨੀਚ ਨ ਮਧਿਮ ਹਰਿ ਸਰਣਾਗਤਿ ਹਰਿ ਕੇ ਲੋਗ ॥
ਨਾਮ ਰਤੇ ਕੇਵਲ ਬੈਰਾਗੀ ਸੋਗ ਬਿਜੋਗ ਬਿਸਰਜਿਤ ਰੋਗ ॥੧॥
ਭਾਈ ਰੇ ਗੁਰ ਕਿਰਪਾ ਤੇ ਭਗਤਿ ਠਾਕੁਰ ਕੀ ॥
ਸਤਿਗੁਰ ਵਾਕਿ ਹਿਰਦੈ ਹਰਿ ਨਿਰਮਲੁ ਨਾ ਜਮ ਕਾਣਿ ਨ ਜਮ ਕੀ ਬਾਕੀ ॥੧॥ ਰਹਾਉ ॥
ਹਰਿ ਗੁਣ ਰਸਨ ਰਵਹਿ ਪ੍ਰਭ ਸੰਗੇ ਜੋ ਤਿਸੁ ਭਾਵੈ ਸਹਜਿ ਹਰੀ ॥
ਬਿਨੁ ਹਰਿ ਨਾਮ ਬ੍ਰਿਥਾ ਜਗਿ ਜੀਵਨੁ ਹਰਿ ਬਿਨੁ ਨਿਹਫਲ ਮੇਕ ਘਰੀ ॥੨॥
ਐ ਜੀ ਖੋਟੇ ਠਉਰ ਨਾਹੀ ਘਰਿ ਬਾਹਰਿ ਨਿੰਦਕ ਗਤਿ ਨਹੀ ਕਾਈ ॥
ਰੋਸੁ ਕਰੈ ਪ੍ਰਭੁ ਬਖਸ ਨ ਮੇਟੈ ਨਿਤ ਨਿਤ ਚੜੈ ਸਵਾਈ ॥੩॥
ਐ ਜੀ ਗੁਰ ਕੀ ਦਾਤਿ ਨ ਮੇਟੈ ਕੋਈ ਮੇਰੈ ਠਾਕੁਰਿ ਆਪਿ ਦਿਵਾਈ ॥
ਨਿੰਦਕ ਨਰ ਕਾਲੇ ਮੁਖ ਨਿੰਦਾ ਜਿਨ੍ਹ ਗੁਰ ਕੀ ਦਾਤਿ ਨ ਭਾਈ ॥੪॥
ਐ ਜੀ ਸਰਣਿ ਪਰੇ ਪ੍ਰਭੁ ਬਖਸਿ ਮਿਲਾਵੈ ਬਿਲਮ ਨ ਅਧੂਆ ਰਾਈ ॥
ਆਨਦ ਮੂਲੁ ਨਾਥੁ ਸਿਰਿ ਨਾਥਾ ਸਤਿਗੁਰੁ ਮੇਲਿ ਮਿਲਾਈ ॥੫॥
ਐ ਜੀ ਸਦਾ ਦਇਆਲੁ ਦਇਆ ਕਰਿ ਰਵਿਆ ਗੁਰਮਤਿ ਭ੍ਰਮਨਿ ਚੁਕਾਈ ॥
ਪਾਰਸੁ ਭੇਟਿ ਕੰਚਨੁ ਧਾਤੁ ਹੋਈ ਸਤਸੰਗਤਿ ਕੀ ਵਡਿਆਈ ॥੬॥
ਹਰਿ ਜਲੁ ਨਿਰਮਲੁ ਮਨੁ ਇਸਨਾਨੀ ਮਜਨੁ ਸਤਿਗੁਰੁ ਭਾਈ ॥
ਪੁਨਰਪਿ ਜਨਮੁ ਨਾਹੀ ਜਨ ਸੰਗਤਿ ਜੋਤੀ ਜੋਤਿ ਮਿਲਾਈ ॥੭॥
ਤੂੰ ਵਡ ਪੁਰਖੁ ਅਗੰਮ ਤਰੋਵਰੁ ਹਮ ਪੰਖੀ ਤੁਝ ਮਾਹੀ ॥
ਨਾਨਕ ਨਾਮੁ ਨਿਰੰਜਨ ਦੀਜੈ ਜੁਗਿ ਜੁਗਿ ਸਬਦਿ ਸਲਾਹੀ ॥੮॥੪॥

ਪੰਨਾ ੭

ਆਖਣਿ ਜੋਰੁ ਚੁਪੈ ਨਹ ਜੋਰੁ ॥
ਜੋਰੁ ਨ ਮੰਗਣਿ ਦੇਣਿ ਨ ਜੋਰੁ ॥
ਜੋਰੁ ਨ ਜੀਵਣਿ ਮਰਣਿ ਨਹ ਜੋਰੁ ॥
ਜੋਰੁ ਨ ਰਾਜਿ ਮਾਲਿ ਮਨਿ ਸੋਰੁ ॥
ਜੋਰੁ ਨ ਸੁਰਤੀ ਗਿਆਨਿ ਵੀਚਾਰਿ ॥
ਜੋਰੁ ਨ ਜੁਗਤੀ ਛੁਟੈ ਸੰਸਾਰੁ ॥
ਜਿਸੁ ਹਥਿ ਜੋਰੁ ਕਰਿ ਵੇਖੈ ਸੋਇ ॥
ਨਾਨਕ ਉਤਮੁ ਨੀਚੁ ਨ ਕੋਇ ॥੩੩॥

ਪੰਨਾ ੪੮੭

ਮਹਲਾ ੫ ॥

ਗੋਬਿੰਦ ਗੋਬਿੰਦ ਗੋਬਿੰਦ ਸੰਗਿ ਨਾਮਦੇਉ ਮਨੁ ਲੀਣਾ ॥

ਆਢ ਦਾਮ ਕੋ ਛੀਪਰੋ ਹੋਇਓ ਲਾਖੀਣਾ ॥੧॥ ਰਹਾਉ ॥

ਬੁਨਨਾ ਤਨਨਾ ਤਿਆਗਿ ਕੈ ਪ੍ਰੀਤਿ ਚਰਨ ਕਬੀਰਾ ॥

ਨੀਚ ਕੁਲਾ ਜੋਲਾਹਰਾ ਭਇਓ ਗੁਨੀਯ ਗਹੀਰਾ ॥੧॥

ਰਵਿਦਾਸੁ ਢੁਵੰਤਾ ਢੋਰ ਨੀਤਿ ਤਿਨਿ ਤਿਆਗੀ ਮਾਇਆ ॥

ਪਰਗਟੁ ਹੋਆ ਸਾਧਸੰਗਿ ਹਰਿ ਦਰਸਨੁ ਪਾਇਆ ॥੨॥

ਸੈਨੁ ਨਾਈ ਬੁਤਕਾਰੀਆ ਓਹੁ ਘਰਿ ਘਰਿ ਸੁਨਿਆ ॥

ਹਿਰਦੇ ਵਸਿਆ ਪਾਰਬ੍ਰਹਮੁ ਭਗਤਾ ਮਹਿ ਗਨਿਆ ॥੩॥

ਇਹ ਬਿਧਿ ਸੁਨਿ ਕੈ ਜਾਟਰੋ ਉਠਿ ਭਗਤੀ ਲਾਗਾ ॥

ਮਿਲੇ ਪ੍ਰਤਖਿ ਗੁਸਾਈਆ ਧੰਨਾ ਵਡਭਾਗਾ ॥੪॥੨॥

ਪੰਨਾ ੯੯੫

ਰਾਮਕਲੀ ਮਹਲਾ ੫ ॥

ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ॥ ਕੋਈ ਸੇਵੈ ਗੁਸਈਆ ਕੋਈ ਅਲਾਹਿ ॥੧॥
ਕਾਰਣ ਕਰਣ ਕਰੀਮ ॥ ਕਿਰਪਾ ਧਾਰਿ ਰਹੀਮ ॥੧॥ ਰਹਾਉ ॥
ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥੨॥
ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥੩॥
ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥੪॥
ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ ॥੫॥੯॥

ਪੰਨਾ ੬੮੮

ਸਭੈ ਘਟ ਰਾਮੁ ਬੋਲੈ ਰਾਮਾ ਬੋਲੈ ॥
ਰਾਮ ਬਿਨਾ ਕੋ ਬੋਲੈ ਰੇ ॥੧॥ ਰਹਾਉ ॥
ਏਕਲ ਮਾਟੀ ਕੁੰਜਰ ਚੀਟੀ ਭਾਜਨ ਹੈਂ ਬਹੁ ਨਾਨਾ ਰੇ ॥
ਅਸਥਾਵਰ ਜੰਗਮ ਕੀਟ ਪਤੰਗਮ
ਘਟਿ ਘਟਿ ਰਾਮੁ ਸਮਾਨਾ ਰੇ ॥੧॥
ਏਕਲ ਚਿੰਤਾ ਰਾਖੁ ਅਨੰਤਾ
ਅਉਰ ਤਜਹੁ ਸਭ ਆਸਾ ਰੇ ॥
ਪ੍ਰਣਵੈ ਨਾਮਾ ਭਏ ਨਿਹਕਾਮਾ
ਕੋ ਠਾਕੁਰੁ ਕੋ ਦਾਸਾ ਰੇ ॥੨॥੩॥

ਪਾ: ੧੦ ਗੁਰੂ ਗੋਬਿੰਦ ਸਿੰਘ ਜੀ

ਕੋਊ ਭਇਓ ਮੁੰਡੀਆ ਸੰਨਿਆਸੀ ਕੋਊ ਜੋਗੀ ਭਇਓ
ਕੋਈ ਬ੍ਰਹਮਚਾਰੀ ਕੋਊ ਜਤੀਅਨੁ ਮਾਨਬੋ ॥
ਹਿੰਦੂ ਤੁਰਕ ਕੋਊ ਰਾਫਸੀ ਇਮਾਮ ਸ਼ਾਫੀ
ਮਾਨਸ ਕੀ ਜਾਤ ਸਬੈ ਏਕੈ ਪਹਚਾਨਬੋ ॥
ਕਰਤਾ ਕਰੀਮ ਸੋਈ ਰਾਜਕ ਰਹੀਮ ਓਈ
ਦੂਸਰੋ ਨ ਭੇਦ ਕੋਈ ਭੂਲ ਭ੍ਰਮ ਮਾਨਬੋ ॥
ਏਕ ਹੀ ਕੀ ਸੇਵ ਸਭ ਹੀ ਕੋ ਗੁਰਦੇਵ ਏਕ ਏਕ ਹੀ
ਸਰੂਪ ਸਬੈ ਏਕੈ ਜੋਤ ਜਾਨਬੋ ॥੧੫॥੮੫॥

Sabad Vartara International
P.O. Box 180002, Utica,
MI 48318-0002, USA.

TO

<u>ਸਬਦ ਵਰਤਾਰਾ ਮਿਸ਼ਨ:</u>

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਅਨੁਸਾਰ ਦਰਸਾਏ ਗਏ ਨਾਮ ਜਪ ਜਪ ਕੇ ਭਗਤੀ ਕਰਨ ਦੇ ਮਾਰਗ ਨੂੰ ਉਜਾਗਰ ਕਰਨਾ। ਸਿਖੀ ਰਹਿਣੀ ਬਹਿਣੀ ਅਤੇ ਪ੍ਰੱਚਲਤ ਰਹੁ ਰੀਤਾਂ ਜੋ “ਸਤਿਗੁਰੂ ਕੀ ਬਾਣੀ” ਤੋਂ ਉਲਟ ਹਨ ਨੂੰ ਸੋਧ ਕਰਨ ਲਈ ਪ੍ਰੇਰਨਾ।

<u>Sabad Vartara Mission:</u>

To promote *Naam Jaap* as strongly as stressed in “*Sateguru Ki Bani” (Gurmat)* listed in *Shri Guru Granth Sahib ji.*

To promote Sikh way of life according to *“Sateguru Ki Bani” (Gurmat)* as listed in *Shri Guru Granth Sahib ji.*

To Demote Sikh Beliefs and Practices which contradict with *“Sateguru Ki Bani”* as listed in *Shri Guru Granth Sahib ji.*